ਚੋਣ ਦਫ਼ਤਰ ਤਰਨਤਾਰਨ ਵੱਲੋਂ ਵੋਟਰ ਜਾਗਰੂਕਤਾ ਰੈਲੀ ਦਾ ਕੀਤਾ ਗਿਆ ਆਯੋਜਨ

ਰੈਲੀ ਨੂੰ ਜਨਰਲ ਸਹਾਇਕ ਸ੍ਰੀ ਹਰਚਰਨ ਸਿੰਘ ਨੇ ਕੀਤਾ ਰਵਾਨਾ

ਤਰਨਤਾਰਨ, 6 ਦਸੰਬਰ :

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਦੇ ਦਿਸ਼ਾ-ਨਿਰਦੇਸ਼ਾ ਤਹਿਤ ਚੋਣ ਦਫ਼ਤਰ ਤਰਨਤਾਰਨ ਵੱਲੋਂ ਚੋਣ ਤਹਿਸੀਲਦਾਰ ਸ੍ਰੀ ਅਤਿੰਦਰ ਕੁਮਾਰ ਦੀ ਅਗਵਾਈ ਹੇਠ ਵੋਟਰ ਜਾਗਰੂਕਤਾ ਰੈਲੀ ਕੱਢੀ ਗਈ। ਰੈਲੀ ਨੂੰ ਜਨਰਲ ਸਹਾਇਕ ਸ੍ਰੀ ਹਰਚਰਨ ਸਿੰਘ ਵੱਲੋਂ ਰਵਾਨਾ ਕੀਤਾ ਗਿਆ। ਇਸ ਮੌਕੇ ’ਤੇ ਚੋਣ ਦਫ਼ਤਰ ਦਾ ਸਮੂਹ ਸਟਾਫ ਹਾਜ਼ਰ ਸਨ।

ਇਸ ਮੌਕੇ ’ਤੇ ਸੰਬੋਧਨ ਕਰਦਿਆਂ ਜਨਰਲ ਸਹਾਇਕ ਸ੍ਰੀ ਹਰਚਰਨ ਸਿੰਘ ਨੇ ਦੱਸਿਆ ਕਿ ਇਸ ਰੈਲੀ ਦਾ ਮੁੱਖ ਮਕਸਦ ਲੋਕਾਂ ਨੂੰ ਵੋਟ ਬਣਾਉਣ ਸਬੰਧੀ ਜਾਗਰੂਕ ਕਰਨਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਤਰਨਤਾਰਨ ਦੇ ਜਿਸ ਨਾਗਰਿਕ ਦੀ ਉਮਰ 18 ਸਾਲ ਜਾਂ ਵੱਧ ਹੈ, ਪਰ ਹਾਲੇ ਉਸ ਵੱਲੋਂ ਆਪਣੀ ਵੋਟ ਨਹੀਂ ਬਣਾਈ ਗਈ। ਉਹ ਆਪਣੀ ਵੋਟ ਬਣਾਉਣ ਲਈ 15 ਦਸੰਬਰ 2017 ਤੱਕ ਵੋਟ ਬਣਾਉਣ ਲਈ ਫਾਰਮ ਨੰਬਰ 6 ਜਰੂਰ ਭਰੇ।



ਉਨ੍ਹਾਂ ਦੱਸਿਆ ਕਿ ਫਾਰਮ ਨੰਬਰ 6 ਵੋਟਰ ਸੂਚੀ ਵਿੱਚ ਆਮ ਵੋਟਰ ਦੇ ਰੂਪ ਵਿੱਚ ਨਾਂ ਦਰਜ ਕਰਨ ਲਈ ਭਰਿਆ ਜਾਂਦਾ ਹੈ। ਇਸ ਤੋਂ ਇਲਾਵਾ ਫਾਰਮ ਨੰਬਰ 6 ਏ ਵੋਟਰ ਸੂਚੀ ਵਿੱਚ ਪ੍ਰਵਾਸੀ ਭਾਰਤੀ ਵੋਟਰ ਦੇ ਰੂਪ ਵਿੱਚ ਨਾਂ ਦਰਜ ਕਰਨ ਲਈ, ਫਾਰਮ ਨੰਬਰ 7 ਵੋਟਰ ਸੂਚੀ ਵਿੱਚੋਂ ਨਾਂ ਕੱਟਣ ਲਈ, ਫਾਰਮ ਨੰਬਰ 8 ਵੋਟਰ ਸੂਚੀ ਵਿੱਚ ਦਰਜ ਨਾਂ, ਪਿਤਾ ਦਾ ਨਾਂ, ਜਨਮ ਮਿਤੀ, ਪਤੇ ਆਦਿ ਵਿੱਚ ਦਰੁਸਤੀ ਲਈ, 8 ਏ ਇੱਕੋ ਵਿਧਾਨ ਸਭਾ ਚੋਣ ਹਲਕੇ ਵਿੱਚ ਇੱਕ ਪੋਲਿੰਗ ਸਟੇਸ਼ਨ ਤੋਂ ਦੂਜੇ ਪੋਲਿੰਗ ਸਟੇਸ਼ਨ ਤੇ ਵੋਟ ਤਬਦੀਲ ਕਰਨ ਲਈ ਭਰਿਆ ਜਾ ਸਕਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੋਟ ਬਣਾ ਕੇ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਦਾ ਹਿੱਸਾ ਬਣਨ।

-----------------------